**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ**

## ਸ਼ੁੱਧੀ ਪੱਤਰ

1.0 ਇਸ਼ਤਿਹਾਰ ਨੰ. 07 ਆਫ 2025 ਰਾਹੀਂ ਵਧੀਕ ਡਾਇਰੈਕਟਰ ਜਨਰਲ ਆਫ ਪੁਲਿਸ, ਜੇਲ੍ਹਾਂ ਪੰਜਾਬ, ਚੰਡੀਗੜ੍ਹ ਦੀਆਂ ਸਹਾਇਕ ਸੁਪਰਡੰਟ, ਵਾਰਡਰ ਅਤੇ ਮੈਟਰਨ ਦੀਆਂ ਆਸਾਮੀਆਂ ਨੂੰ ਸਿੱਧੀ ਭਰਤੀ ਰਾਹੀਂ ਭਰਨ ਲਈ ਬੋਰਡ ਦੀ ਵੈੱਬਸਾਈਟ ਤੇ ਯੋਗ ਉਮੀਦਵਾਰਾਂ ਤੋਂ ਮਿਤੀ 30.07.2025 ਤੋਂ 24.08.2025 ਸ਼ਾਮ 5.00 ਵਜੇ ਤੱਕ ਆਨ-ਲਾਈਨ ਅਰਜੀਆਂ ਦੀ ਮੰਗ ਕੀਤੀ ਗਈ ਸੀ। ਇਨ੍ਹਾਂ ਅਸਾਮੀਆਂ ਲਈ ਫੀਸ ਭਰਨ ਦੀ ਆਖਰੀ ਮਿਤੀ 26.08.2025 ਸੀ। ਕੁੱਝ ਉਮੀਦਵਾਰਾਂ ਵੱਲੋਂ ਦਿੱਤੀਆਂ ਗਈਆਂ ਪ੍ਰਤੀਬੇਨਤੀਆਂ ਦੇ ਸਨਮੁੱਖ ਇਨ੍ਹਾਂ ਅਸਾਮੀਆਂ ਲਈ ਆਨਲਾਈਨ ਅਪਲਾਈ ਕਰਨ ਅਤੇ ਫੀਸ ਭਰਨ ਦੀ ਮਿਤੀ ਵਿੱਚ ਹੇਠ ਲਿਖੇ ਅਨੁਸਾਰ ਵਾਧਾ ਕੀਤਾ ਜਾਂਦਾ ਹੈ:-

ਆਨਲਾਈਨ ਅਪਲਾਈ ਕਰਨ ਲਈ ਸ਼ੁਰੂ ਹੋਣ ਦੀ ਮਿਤੀ: 01.09.2025

ਆਨਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ: 03.09.2025

ਫੀਸ ਭਰਨ ਦੀ ਆਖਰੀ ਮਿਤੀ: 05.09.2025

2.0 ਉਪਰੋਕਤ ਅਸਾਮੀਆਂ ਨਾਲ ਸਬੰਧਤ ਉਮੀਦਵਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ਼ਤਿਹਾਰ ਨੰ: 07 ਆਫ 2025 ਅਧੀਨ ਪ੍ਰਕਾਸ਼ਿਤ ਅਸਾਮੀਆਂ ਦੀ ਭਰਤੀ ਸਬੰਧੀ ਅਗਲੇਰੀ ਜਾਣਕਾਰੀ ਬੋਰਡ ਦੀ ਵੈਬਸਾਈਟ www.sssb.punjab.gov.in ਤੇ ਹੀ ਉਪਲਬਧ ਕਰਵਾਈ ਜਾਵੇਗੀ।

ਸਹੀ/-

ਸਹਾਇਕ ਡਾਇਰੈਕਟਰ,

ਮਿਤੀ, ਐਸ.ਏ.ਐਸ.ਨਗਰ: 29.08.2025 ਅਧੀਨ ਸੇਵਾਵਾਂ ਚੋਣ ਬੋਰਡ